ਹੁਸ਼ਿਆਰਪੁਰ ਮੁਕੇਰੀਆਂ
ਅਜੀਤ, ਜਲੰਧਰ
ਅਜੀਤ
ਸ਼ੁੱਕਰਵਾਰ, 28 ਨਵੰਬਰ 2025

350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਭਾਈ ਰਵਿੰਦਰ ਸਿੰਘ ਵਲੋਂ ਸ਼ਬਦ ਗਾਇਨ ਜਾਰੀ

ਹੁਸ਼ਿਆਰਪੁਰ, 27 ਨਵੰਬਰ (ਬਲਜਿੰਦਰਪਾਲ ਸਿੰਘ, ਹਰਪ੍ਰੀਤ ਕੌਰ)- ਮਿਊਜ਼ਿਕ ਬੈਨਰ ਨੰਗਲ ਈਸ਼ਰ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਭਾਈ ਰਵਿੰਦਰ ਸਿੰਘ ਯੂ.ਕੇ (ਲੀਡਜ਼) ਵਾਲਿਆਂ ਵਲੋਂ ਗਾਇਨ ਕੀਤਾ ਗਿਆ ਗੁਰਬਾਣੀ ਸ਼ਬਦ 'ਰਾਮ ਸਿਉ ਕਰਿ ਪ੍ਰੀਤ' ਗੁਰਦੁਆਰਾ ਸਿੰਘ ਸਭਾ ਪਿੰਡ ਬੂਰੇ ਜੱਟਾਂ ਵਿਖੇ ਗੁਰਸ਼ਬਦ ਪ੍ਰਕਾਸ਼ ਕੀਰਤਨ ਕੌਂਸਲ ਗੜ੍ਹਦੀਵਾਲਾ ਵਲੋਂ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਅਕਬਰ ਸਿੰਘ ਬੂਰੇ ਜੱਟਾਂ, ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਮਿਊਜ਼ਿਕ ਕੰਪਨੀ ਨੰਗਲ ਈਸ਼ਰ ਦੀ ਸਮੁੱਚੀ ਟੀਮ ਵਲੋਂ ਰਿਲੀਜ਼ ਕੀਤਾ ਗਿਆ। ਇਸ ਮੌਕੇ ਹਰਵਿੰਦਰ ਸਿੰਘ ਨੰਗਲ ਈਸ਼ਰ ਨੇ ਦੱਸਿਆ ਕਿ ਇਸ ਸ਼ਬਦ ਦੀ ਆਡੀਓ ਵਿਸ਼ਵ ਪੱਧਰ ਦੇ ਸਾਰੇ ਹੀ ਆਡੀਓ ਸਾਈਟ 'ਤੇ ਅਤੇ ਵੀਡੀਓ ਯੂ-ਟਿਊਬ ਚੈਨਲ ਨੰਗਲ ਈਸ਼ਰ 'ਤੇ ਰਿਲੀਜ਼ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮਿਊਜ਼ਿਕ ਬੈਨਰ ਨੰਗਲ ਈਸ਼ਰ ਵਲੋਂ ਭਾਈ ਰਵਿੰਦਰ ਸਿੰਘ ਯੂ.ਕੇ ਲੀਡਜ਼ ਵਾਲਿਆਂ ਵਲੋਂ ਗਾਇਨ ਇਸ ਸ਼ਬਦ ਦੇ ਪੇਸ਼ ਕਰਤਾ ਜਪਨੀਤ ਕੌਰ ਨੰਗਲ ਈਸ਼ਰ ਹਨ, ਇਸ ਦੇ ਪ੍ਰੋਡਿਊਸਰ ਰਾਜਵਿੰਦਰ ਕੌਰ ਨੀਰੂ ਹਨ, ਇਸ ਦੇ ਸੰਗੀਤ ਅਤੇ ਵੀਡੀਓ ਸੰਨੀ ਸਟੂਡੀਓ ਫਗਵਾੜਾ ਵਲੋਂ ਤਿਆਰ ਕੀਤੀ ਗਈ ਹੈ ਅਤੇ ਇਸ ਦੇ ਪ੍ਰੋਜੈਕਟ ਮੈਨੇਜਰ ਨਰੇਸ਼ ਐੱਸ. ਗਰਗ ਹਨ। ਸਮਾਗਮ ਦੌਰਾਨ ਸਮੂਹ ਸੰਗਤਾਂ ਵਲੋਂ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ, ਸ੍ਰੀ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਭਾਈ ਸੁਖਵੀਰ ਸਿੰਘ ਗੜ੍ਹਦੀਵਾਲਾ, ਭਾਈ ਜਸਬੀਰ ਸਿੰਘ ਭਟੋਲੀਆਂ, ਭਾਈ ਦਲਜੀਤ ਸਿੰਘ ਕੰਧਾਲਾ, ਭਾਈ ਹਰਵਿੰਦਰ ਸਿੰਘ ਨੰਗਲ ਈਸ਼ਰ ਵਲੋਂ ਕਥਾ-ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ।

350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਭਾਈ ਰਵਿੰਦਰ ਸਿੰਘ ਯੂ.ਕੇ (ਲੀਡਜ਼) ਵਾਲਿਆਂ ਵਲੋਂ ਗਾਇਨ ਕੀਤਾ ਗਿਆ ਸ਼ਬਦ ਰਿਲੀਜ਼ ਕਰਦੇ ਹੋਏ ਅਕਬਰ ਸਿੰਘ ਬੂਰੇ ਜੱਟਾਂ, ਹਰਵਿੰਦਰ ਸਿੰਘ ਨੰਗਲ ਈਸ਼ਰ ਤੇ ਹੋਰ।

ਵਿਕਾਸ ਕਾਰਜਾਂ ਲਈ ਵਿਧਾਇਕ ਰਾਜਾ ਗਿੱਲ ਵਲੋਂ 7.50 ਲੱਖ ਰੁਪਏ ਦੇ ਚੈੱਕ ਭੇਟ

ਦਸੂਹਾ, 27 ਨਵੰਬਰ (ਭੁੱਲਰ)- ਪਿੰਡ ਕੁਠਾਣਾ ਨੂੰ ਵਿਕਾਸ ਕਾਰਜਾਂ ਲਈ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ 7.50 ਲੱਖ ਰੁਪਏ ਦੇ ਚੈੱਕ ਭੇਟ ਕਰਕੇ ਸਮੁੱਚੇ ਵਿਕਾਸ ਨੂੰ ਇੱਕ ਨਵੀਂ ਗਤੀ ਦਿੱਤੀ। ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਮਨਜ਼ੂਰ ਵਿਕਾਸ ਕਾਰਜਾਂ ਵਿਚ ਸੜਕਾਂ, ਗਲੀਆਂ, ਡਰੇਨੇਜ ਸਿਸਟਮ, ਕਮਿਊਨਿਟੀ ਇਮਾਰਤਾਂ ਅਤੇ ਪੀਣ ਵਾਲੇ ਪਾਣੀ ਨਾਲ ਸਬੰਧਿਤ ਵੱਖ-ਵੱਖ ਪ੍ਰੋਜੈਕਟ ਸ਼ਾਮਲ ਹਨ, ਜੋ ਪੇਂਡੂ ਆਬਾਦੀ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਵਿਧਾਇਕ ਨੇ ਕਿਹਾ ਕਿ ਇਲਾਕੇ ਦੇ ਪਿੰਡਾਂ ਵਿਚ ਆਧੁਨਿਕ ਖੇਡ ਪਾਰਕ ਵਿਕਸਤ ਕੀਤੇ ਜਾਣਗੇ, ਜਿਸ ਵਿਚ ਨੌਜਵਾਨਾਂ ਲਈ ਓਪਨ ਜਿੰਮ, ਵਾਲੀਬਾਲ ਅਤੇ ਕਬੱਡੀ ਦੇ ਮੈਦਾਨ, ਦੌੜਨ ਵਾਲੇ ਟਰੈਕ ਅਤੇ ਹੋਰ ਖੇਡ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨ ਪੀੜ੍ਹੀ ਵਿਚ ਅਨੁਸ਼ਾਸਨ ਅਤੇ ਸਿਹਤ ਦੋਵਾਂ ਦਾ ਵਿਕਾਸ ਕਰਦੀਆਂ ਹਨ ਅਤੇ ਇਸ ਲਈ ਸਰਕਾਰ ਪੇਂਡੂ ਖੇਤਰਾਂ ਵਿਚ ਖੇਡ ਸਹੂਲਤਾਂ ਨੂੰ ਉਤਸ਼ਾਹਿਤ ਕਰਨ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਵਿਧਾਇਕ ਜਸਬੀਰ ਸਿੰਘ ਰਾਜਾ ਗਿੱਲ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਉਨ੍ਹਾਂ ਦੇ ਹਮੇਸ਼ਾ ਲਈ ਰਿਣੀ ਰਹਿਣਗੇ । ਇਸ ਮੌਕੇ ਪ੍ਰਧਾਨ ਜਗਮੋਹਨ ਸਿੰਘ ਬੱਬੂ ਘੁੰਮਣ ਦਸੂਹਾ, ਕੇਸ਼ਵ ਸੈਣੀ, ਕੇ.ਪੀ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਦਸੂਹਾ, ਗੁਰਦੀਪ ਸਿੰਘ ਹੈਪੀ, ਹਰਬੰਸ ਸਿੰਘ ਸਰਪੰਚ ਖੁੱਡਾ, ਸਰਪੰਚ ਗੁਰਦੀਪ ਸਿੰਘ, ਸਰਪੰਚ ਜਨਨੈਲ ਸਿੰਘ, ਸਰਪੰਚ ਸੁਖਵਿੰਦਰ ਕੌਰ ਕੰਗਾ, ਸਰਪੰਚ ਸਾਹਬ ਸਿੰਘ ਕੁਠਾਣਾ ਤੋ ਇਲਾਵਾ ਵੱਡੀ ਗਿਣਤੀ ਵਿਚ ਸਰਪੰਚ ਅਤੇ ਪੰਚ ਵੀ ਮੌਜੂਦ ਸਨ।

ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਸਮਾਗਮ ਦੌਰਾਨ ਸਰਪੰਚਾਂ ਨੂੰ ਚੈੱਕ ਭੇਟ ਕਰਦੇ ਹੋਏ ਨਾਲ ਹੋਰ ਸ਼ਖ਼ਸੀਅਤਾਂ। ਤਸਵੀਰ : ਭੁੱਲਰ

ਦਿੱਲੀ ਇੰਟਰਨੈਸ਼ਨਲ ਸਕੂਲ ਹੁਸ਼ਿਆਰਪੁਰ ਵਿਖੇ ਕਰਵਾਏ ਵਾਦ-ਵਿਵਾਦ ਮੁਕਾਬਲੇ 'ਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨਾਲ ਪ੍ਰਿੰ: ਮਾਰਿਆ ਜੱਾਨ।

ਦਿੱਲੀ ਇੰਟਰਨੈਸ਼ਨਲ ਸਕੂਲ 'ਚ ਵਾਦ-ਵਿਵਾਦ ਮੁਕਾਬਲੇ ਕਰਵਾਏ

ਹੁਸ਼ਿਆਰਪੁਰ, 27 ਨਵੰਬਰ (ਬਲਜਿੰਦਰਪਾਲ ਸਿੰਘ)-ਦਿੱਲੀ ਇੰਟਰਨੈਸ਼ਨਲ ਸਕੂਲ ਹੁਸ਼ਿਆਰਪੁਰ ਵਿਖੇ ਵਿਦਿਆਰਥੀਆ ਦੀ ਪ੍ਰਤਿਭਾ ਨੂੰ ਹੋਰ ਨਿਖਾਰਨ ਲਈ ਵਾਦ-ਵਿਵਾਦ ਮੁਕਾਬਲੇ ਕਰਵਾਏ ਗਏ। ਇਸ ਮੌਕੇ ਸਾਰੇ ਹਾਊਸਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈ ਕੇ ਆਪਣੇ ਵਿਚਾਰਾਂ ਨੂੰ ਵਧੀਆ ਢੰਗ ਨਾਲ ਪੇਸ਼ ਕੀਤਾ। ਮੁਕਾਬਲੇ 'ਚ ਡੈਡੀਕੇਸ਼ਨ ਹਾਊਸ ਦੀ ਅਗਮਪ੍ਰੀਤ ਕੌਰ ਨੇ ਸਭ ਤੋਂ ਵਧੀਆ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਹਾਸਲ ਕੀਤਾ, ਡੈਡੀਕੇਸ਼ਨ ਹਾਊਸ ਦੀ ਹੀ ਵੈਸ਼ਨਵੀ ਤੇ ਤਨਵੀਰ ਅਤੇ ਡਸਿਪਲਿਨ ਹਾਊਸ ਦੀ ਕਨਿਕਾ ਜੋਸ਼ੀ ਸਾਂਝੇ ਤੌਰ 'ਤੇ ਦੂਸਰੇ ਸਥਾਨ 'ਤੇ ਰਹੇ। ਇਸੇ ਤਰ੍ਹਾਂ ਤੀਸਰੇ ਸਥਾਨ 'ਤੇ ਡਿਟਰਮੀਨੇਸ਼ਨ ਹਾਊਸ ਦੀ ਗੁਰਪ੍ਰੀਤ ਕੌਰ ਅਤੇ ਡਸਿਪਲਿਨ ਹਾਊਸ ਦੀ ਜਸਕੀਰਤ ਕੌਰ ਨੇ ਜਗ੍ਹਾ ਬਣਾਈ। ਇਸ ਮੌਕੇ 8ਵੀਂ ਤੇ 9ਵੀਂ ਜਮਾਤ ਦੇ ਵਿਦਿਆਰਥੀਆਂ ਲਈ ਵੀ ਵਾਦ-ਵਿਵਾਦ ਪ੍ਰਤੀਯੋਗਤਾ ਕਰਵਾਈ ਗਈ, ਜਿਸ ਦੇ ਫਾਈਨਲ ਰਾਊਂਡ 'ਚ ਡਿਵੋਸ਼ਨ ਹਾਊਸ ਤੇ ਡਿਟਰਮੀਨੇਸ਼ਨ ਹਾਊਸ 'ਚ ਮੁਕਾਬਲਾ ਹੋਇਆ, ਜਿਸ 'ਚ ਡਿਵੋਸ਼ਨ ਹਾਊਸ ਜੇਤੂ ਰਿਹਾ। ਇਸ ਮੌਕੇ ਪ੍ਰਿੰ: ਮਾਰਿਆ ਜੱਾਨ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਕਰਦੇ ਹਨ ਅਤੇ ਵਿਦਿਆਰਥੀਆਂ ਨੂੰ ਇਨ੍ਹਾਂ 'ਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।

ਅੰਤਰਰਾਸ਼ਟਰੀ ਮਰਦ ਦਿਵਸ ਮਨਾਇਆ

ਦਸੂਹਾ, 27 ਨਵੰਬਰ (ਕੌਸ਼ਲ)- ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ ਦਸੂਹਾ ਵਿਖੇ ਇੰਚਾਰਜ ਡਾ. ਗਗਨਦੀਪ ਕੌਰ ਦੀ ਅਗਵਾਈ ਹੇਠ ਅੰਤਰ ਰਾਸ਼ਟਰੀ ਮਰਦ ਦਿਵਸ ਮਨਾਇਆ ਗਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਪ੍ਰਮਾਤਮਾ ਦੇ ਸ਼ਬਦ ਗਾਇਣ ਤੋਂ ਕੀਤੀ ਗਈ। ਇਸ ਪ੍ਰੋਗਰਾਮ ਦੇ ਇੰਚਾਰਜ ਅਸਿਸਟੈਂਟ ਪ੍ਰੋਫੈਸਰ ਮਨਵਿੰਦਰਜੀਤ ਕੌਰ ਅਤੇ ਅਸਿਸਟੈਂਟ ਪ੍ਰੋਫੈਸਰ ਸੰਦੀਪ ਕੌਰ ਸਨ। ਇਸ ਪ੍ਰੋਗਰਾਮ ਵਿਚ ਸਟੇਜ ਸਕੱਤਰ ਦੀ ਭੂਮਿਕਾ ਬੀ. ਐੱਡ. ਪਹਿਲੇ ਸਮੈਸਟਰ ਦੀ ਵਿਦਿਆਰਥਣ ਮਨਜੋਤ ਕੌਰ ਵੱਲੋਂ ਬਾਖ਼ੂਬੀ ਨਿਭਾਈ ਗਈ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਗਤੀਵਿਧੀਆਂ, ਭਾਸ਼ਣ, ਕਵਿਤਾ, ਡਾਕੂਮੈਂਟਰੀ ਆਦਿ ਪੇਸ਼ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਮੈਡਮ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਅੰਤਰ ਰਾਸ਼ਟਰੀ ਮਰਦ ਦਿਵਸ 'ਤੇ ਮਰਦ ਦੇ ਸਮਾਜ ਵਿਚ ਮਹੱਤਵ ਬਾਰੇ ਦੱਸਿਆ ਤੇ ਕਿਹਾ ਕਿ ਸਮਾਜ ਦੇ ਹਰ ਇੱਕ ਖੇਤਰ ਵਿਚ ਮਰਦ ਦੇ ਬਹੁਤ ਯੋਗਦਾਨ ਹੈ, ਜਿਸ ਤੋਂ ਬਿਨਾਂ ਉੱਨਤ ਸਮਾਜ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਇਸ ਮੌਕੇ ਕਾਲਜ ਦੀ ਸਮੁੱਚੀ ਮੈਨੇਜਮੈਂਟ ਕਮੇਟੀ , ਕਾਲਜ ਦੇ ਮੈਂਟਰ ਡਾ.ਵਰਿੰਦਰ ਕੌਰ ਜੀ ਪ੍ਰਿੰਸੀਪਲ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਫ਼ਾਰ ਵੋਮੈਨ ਦਸੂਹਾ ਅਤੇ ਇੰਚਾਰਜ ਡਾ. ਗਗਨਦੀਪ ਕੌਰ ਵੱਲੋਂ ਵਿਦਿਆਰਥੀਆਂ ਨੂੰ ਅੰਤਰ ਰਾਸ਼ਟਰੀ ਮਰਦ ਦਿਵਸ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਮੂਹ ਸਟਾਫ਼ ਮੈਂਬਰ ਅਤੇ ਵਿਦਿਆਰਥੀ ਵੀ ਮੌਜੂਦ ਸਨ।

ਸਮਾਗਮ ਦੌਰਾਨ ਦੀ ਤਸਵੀਰ। ਤਸਵੀਰ : ਕੌਸ਼ਲ

ਡੀ.ਏ.ਵੀ. ਕਾਲਜ ਦਸੂਹਾ ਵਿਖੇ ਸਮਾਗਮ ਵਿਚ ਸ਼ਾਮਿਲ ਪ੍ਰਿੰਸੀਪਲ ਰਕੇਸ਼ ਮਹਾਜਨ ਤੇ ਹੋਰ ਸ਼ਖ਼ਸੀਅਤਾਂ। ਤਸਵੀਰ : ਭੁੱਲਰ

ਡੀ.ਏ.ਵੀ. ਕਾਲਜ ਵਿਖੇ ਅੰਤਰਰਾਸ਼ਟਰੀ ਮਹਿਲਾ ਉਦਮਤਾ ਦਿਵਸ ਸੰਬੰਧੀ ਸਮਾਗਮ

ਦਸੂਹਾ, 27 ਨਵੰਬਰ (ਭੁੱਲਰ)- ਜੇ.ਸੀ.ਡੀ.ਏ.ਵੀ ਕਾਲਜ ਦਸੂਹਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦੀ ਇਕਨਾਮਿਕ ਸੁਸਾਇਟੀ ਵੱਲੋਂ ਅੰਤਰਰਾਸ਼ਟਰੀ ਮਹਿਲਾ ਉਦਮਤਾ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਜਿਸ ਦੇ ਮੁੱਖ ਮਹਿਮਾਨ ਕਾਲਜ ਦੇ ਪ੍ਰਿੰਸੀਪਲ ਪ੍ਰੋ. ਰਾਕੇਸ਼ ਕੁਮਾਰ ਮਹਾਜਨ ਜੀ ਸਨ। ਸੁਸਾਇਟੀ ਦੇ ਮੁਖੀ ਡਾਕਟਰ ਅਨੂੰ ਬਜਾਜ ਦੁਆਰਾ ਮੁੱਖ ਮਹਿਮਾਨ ਪ੍ਰਿੰਸੀਪਲ ਪ੍ਰੋ.ਰਾਕੇਸ਼ ਕੁਮਾਰ ਮਹਾਜਨ ਦਾ ਫੁੱਲਾਂ ਦੇ ਗੁਲਦਸਤੇ ਨਾਲ ਰਸਮੀ ਤੌਰ 'ਤੇ ਸਵਾਗਤ ਕਰਨ ਉਪਰੰਤ ਇਸ ਅੰਤਰਰਾਸ਼ਟਰੀ ਮਹਿਲਾ ਉਦਮਤਾ ਦਿਵਸ ਦੀ ਸਾਰਥਿਕਤਾ ਉੱਤੇ ਚਾਨਣਾ ਪਾਇਆ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਕਾਰੋਬਾਰ ਵਿਚ ਔਰਤਾਂ ਦੀ ਵਧ ਰਹੀ ਭੂਮਿਕਾ ਨੂੰ ਉਜਾਗਰ ਕਰਨ ਅਤੇ ਵਿਦਿਆਰਥੀਆਂ ਨੂੰ ਨੌਕਰੀਆਂ ਲੱਭਣ ਵਾਲਿਆਂ ਦੀ ਬਜਾਏ ਨੌਕਰੀ ਪੈਦਾ ਕਰਨ ਵਾਲੇ ਬਣਨ ਲਈ ਉਤਸ਼ਾਹਿਤ ਕਰਨਾ ਸੀ। ਪ੍ਰਿੰਸੀਪਲ ਪ੍ਰੋ. ਰਾਕੇਸ਼ ਕੁਮਾਰ ਮਹਾਜਨ ਦੁਆਰਾ ਆਪਣੇ ਭਾਸ਼ਣ ਵਿਚ ਕਿਹਾ ਗਿਆ ਕਿ ਅੱਜ ਦੀ ਔਰਤ ਹਰ ਸੰਭਵ ਤੇ ਅਸੰਭਵ ਚੁਨੌਤੀਆਂ ਨੂੰ ਸਰ ਕਰਨ ਦੀ ਯੋਗਤਾ ਰੱਖਦੀ ਹੈ। ਉਸ ਨੇ ਆਪਣੀ ਕਾਬਲੀਅਤ ਰਾਹੀਂ ਨਾ ਕੇਵਲ ਉਦਯੋਗਿਕ ਸਗੋਂ ਰਾਜਨੀਤਿਕ, ਆਰਥਿਕ ਅਤੇ ਸਮਾਜਿਕ ਖੇਤਰ ਵਿਚ ਵੀ ਵੱਧ ਚੜ ਕੇ ਆਪਣੀ ਸ਼ਮੂਲੀਅਤ ਦਿਖਾਈ ਹੈ। ਇਸ ਮੌਕੇ ਉੱਤੇ ਵਿਦਿਆਰਥੀਆਂ ਦੀ ਇੱਕ ਡਿਬੇਟ ਮੁਕਾਬਲਾ ਵੀ ਕਰਵਾਇਆ ਗਿਆ ਜਿਸ ਦਾ ਮੁੱਖ ਥੀਮ 'ਕੀ ਔਰਤਾਂ ਸਭ ਤੋਂ ਵਧੀਆ ਉੱਦਮੀ ਹੋ ਸਕਦੀਆਂ ਹਨ' ਸੀ। ਇਸ ਡਿਬੇਟ ਮੁਕਾਬਲੇ ਵਿਚ ਪਹਿਲਾ ਸਥਾਨ ਮਨਪ੍ਰੀਤ ਕੌਰ ਨੇ ਦੂਸਰਾ ਸਥਾਨ ਹਰਸਿਮਰਤ ਕੌਰ ਨੇ ਅਤੇ ਤੀਸਰਾ ਸਥਾਨ ਅਕਸ਼ਿਤਾ ਨੇ ਹਾਸਿਲ ਕੀਤਾ। ਜੱਜਮੈਂਟ ਦੀ ਭੂਮਿਕਾ ਪ੍ਰੋਫੈਸਰ ਨਰਿੰਦਰਜੀਤ ਸਿੰਘ ਅਤੇ ਪ੍ਰੋ. ਹਰਜੀਤ ਕੌਰ ਨੇ ਬਾਖ਼ੂਬੀ ਨਿਭਾਈ। ਸਟੇਜ ਸਕੱਤਰ ਦੀ ਭੂਮਿਕਾ ਪ੍ਰੋ. ਆਰਜੂ ਦੁਆਰਾ ਨਿਭਾਈ ਗਈ। ਇਸ ਮੌਕੇ ਉੱਤੇ ਡਾ. ਨਰਗਿਸ ਢਿੱਲੋਂ, ਪ੍ਰੋ. ਰਣਵੀਰ ਸਿੰਘ ਅਤੇ ਪ੍ਰੋ. ਸ਼ਿਫਾਲੀ ਛਾਬੜਾ ਵੀ ਹਾਜ਼ਰ ਸਨ।

ਰੋਟਰੀ ਕਲੱਬ ਹੁਸ਼ਿਆਰਪੁਰ ਸੈਂਟਰਲ ਵਲੋਂ ਦਿਵਿਆਂਗ ਲੜਕੀ ਨੂੰ ਵੀਲ੍ਹਚੇਅਰ ਭੇਟ

ਹੁਸ਼ਿਆਰਪੁਰ, 27 ਨਵੰਬਰ (ਹਰਪ੍ਰੀਤ ਕੌਰ)-ਰੋਟਰੀ ਕਲੱਬ ਹੁਸ਼ਿਆਰਪੁਰ ਸੈਂਟਰਲ ਦੇ ਮੈਂਬਰਾਂ ਦਾ ਇਕ ਇਕੱਠ ਰੇਲਵੇ ਰੋਡ ਵਿਖੇ ਕਲੱਬ ਤੇ ਪ੍ਰਧਾਨ ਰਾਜਨ ਕੁਮਾਰ ਦੀ ਪ੍ਰਧਾਨਗੀ ਹੇਠ ਹੋਇਆ। ਕਲੱਬ ਦੇ ਪ੍ਰੋਜੈਕਟ ਚੇਅਰਮੈਨ ਅਤੇ ਪਾਸਟ ਪ੍ਰੈਜੀਡੈਂਟ ਜਰਨੈਲ ਸਿੰਘ ਧੀਰ ਸਟੇਟ ਅਵਾਰਡੀ ਨੇ ਦੱਸਿਆ ਕਿ ਇਸ ਮੌਕੇ ਇਕ 80 ਪ੍ਰਤੀਸ਼ਤ ਦਿਵਿਆਂਗ ਲੜਕੀ ਨੂੰ ਆਟੋਮੈਟਿਕ ਇਲੈਕਟ੍ਰਿਕ ਵੀਲ੍ਹਚੇਅਰ ਪ੍ਰਦਾਨ ਕੀਤੀ ਗਈ। ਇਸ ਵੀਲ੍ਹਚੇਅਰ ਦੀ ਕੀਮਤ ਬਜ਼ਾਰ ਵਿੱਚ ਲਗਭਗ 1 ਲੱਖ ਰੁਪਏ ਹੈ। ਕਲੱਬ ਵਲੋਂ ਜਿਸ ਵਿੱਚ ਸੀਨੀਅਰ ਰੋਟੇਰੀਅਨ ਭੁਪਿੰਦਰ ਕੁਮਾਰ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਕਲੱਬ ਦੇ ਪ੍ਰਧਾਨ ਰਾਜਨ ਕੁਮਾਰ ਸੈਣੀ ਅਤੇ ਸਕੱਤਰ ਹਰਸ਼ਵਿੰਦਰ ਸਿੰਘ ਨੇ ਦੱਸਿਆ ਕਲੱਬ ਵਲੋਂ ਹੁਣ ਤੱਕ 40 ਸਧਾਰਨ ਵੀਲ੍ਹ ਚੇਅਰਜ਼ ਦਿਵਿਆਂਗ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾ ਚੁੱਕੀਆਂ ਹਨ। ਇਸ ਮੌਕੇ ਨਰੇਸ਼ ਕੁਮਾਰ ਹਾਂਡਾ, ਨਰੇਸ਼ ਕੁਮਾਰ ਸਾਬਾ, ਕੁਲਦੀਪ ਕੁਮਾਰ ਪੱਤੀ, ਵਿਜੈ ਕੁਮਾਰ ਚੌਧਰੀ, ਵਿਸ਼ਵਬੰਧੂ, ਅਮਨਦੀਪ ਸਿੰਘ, ਵਿਜੈ ਕੁਮਾਰ ਪੁਰਾਣੀ ਬੱਸੀ, ਰਾਜਨ ਕੁਮਾਰ ਸੈਣੀ, ਭੁਪਿੰਦਰ ਕੁਮਾਰ, ਹਰਸ਼ਵਿੰਦਰ ਸਿੰਘ ਆਦਿ ਹਾਜ਼ਿਰ ਸਨ।

ਰੋਟਰੀ ਕਲੱਬ ਹੁਸ਼ਿਆਰਪੁਰ ਸੈਂਟਰਲ ਦੇ ਮੈਂਬਰ ਦਿਵਿਆਂਗ ਲੜਕੀ ਨੂੰ ਆਟੋਮੈਟਿਕ ਇਲੈਕਟ੍ਰਿਕ ਵੀਲ੍ਹਚੇਅਰ ਪ੍ਰਦਾਨ ਕਰਦੇ ਹੋਏ। ਤਸਵੀਰ : ਹਰਪ੍ਰੀਤ ਕੌਰ

9ਵੀਂ ਸ੍ਰੀਮਦ ਭਗਵਤ ਮਹਾਂ ਪੁਰਾਣ ਕਥਾ ਅੱਜ ਤੋਂ

ਕੋਟਫ਼ਤੂਹੀ, 27 ਨਵੰਬਰ (ਅਟਵਾਲ)- ਸਥਾਨਕ ਮਾਂ ਭਗਵਤੀ ਜਾਗਰਣ ਕਮੇਟੀ ਵਲੋਂ ਸਮੂਹ ਨਗਰ ਨਿਵਾਸੀਆਂ, ਸਮੂਹ ਅੱਡੇ ਦੇ ਦੁਕਾਨਦਾਰਾਂ, ਐਨ. ਆਰ. ਆਈ ਵੀਰਾਂ ਦੇ ਸਹਿਯੋਗ ਨਾਲ 9ਵੀਂ ਸ੍ਰੀਮਦ ਭਗਵਤ ਮਹਾਂ ਪੁਰਾਣ ਕਥਾ 28 ਨਵੰਬਰ ਤੋਂ 4 ਦਸੰਬਰ